# ਦਫਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ

## ਨਗਰ ਨਿਗਮ ਦੇ ਕੌਂਸਲਰਾਂ ਦੀ ਮਾਸਿਕ ਮੀਟਿੰਗ ਆਯੋਜਿਤ

ਹੁਸ਼ਿਆਰਪੁਰ 30 ਅ੍ਰਪੈਲ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਦੀ ਪ੍ਰਧਾਨਗੀ ਹੇਠ ਨਗਰ ਨਿਗਮ ਦੇ ਡਾ: ਬੀ.ਆਰ ਅੰਬੇਦਕਰ ਮੀਟਿੰਗ ਹਾਲ ਵਿਖੇ ਕੌਂਸਲਰਾਂ ਦੀ ਮਾਸਿਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਹਾਊਸ ਦੀ ਮੀਟਿੰਗ ਵਿਚ ਕਾਰਜ ਸਾਧਕ ਅਫ਼ਸਰ ਰਮੇਸ਼ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ, ਡਿਪਟੀ ਮੇਅਰ ਸ਼ੁਕਲਾ ਸ਼ਰਮਾ, ਕਾਰਜਕਾਰੀ ਇੰਜੀਨੀਅਰ ਸ਼ਤੀਸ਼ ਸੈਣੀ, ਸੁਪਰਡੈਂਟ ਸੁਆਮੀ ਸਿੰਘ, ਲੇਖਕਾਰ ਰਾਜਨ ਕੁਮਾਰ, ਇੰਸਪੈਕਟਰ ਰਵਿੰਦਰ ਠਾਕੁਰ, ਵਿਜੇ ਕੁਮਾਰ, ਕੁਲਵਿੰਦਰ ਸਿੰਘ, ਰਾਜਬੰਸ ਕੋਰ, ਰਾਹੁਲ ਸ਼ਰਮਾ ਅਤੇ ਨਗਰ ਨਿਗਮ ਦੇ ਕੌਂਸਲਰ ਹਾਜਰ ਸਨ।

ਹਾਊਸ ਦੀ ਮੀਟਿੰਗ ਵਿਚ ਨਗਰ ਨਿਗਮ ਦੇ ਵੱਖ ਵੱਖ ਵਾਰਡਾਂ ਵਿਚ ਕੀਤੇ ਜਾ ਰਹੇ ਵਿਕਾਸ ਕੰਮਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਮੇਅਰ ਸ਼ਿਵ ਸੂਦ ਨੇ ਨਗਰ ਨਿਗਮ ਦੇ ਸਾਰੇ ਕੌਂਸਲਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਪੀਣ ਵਾਲੇ ਪਾਣੀ ਦੀ ਦੁਰਵਰਤੋਂ ਹੋਣ ਤੋਂ ਰੋਕਣ ਸਬੰਧੀ ਫੈਸਲਾ ਕੀਤਾ ਗਿਆ ਹੈ ਕਿ ਸਾਰੇ ਸ਼ਹਿਰਾਂ ਵਿਚ ਸਿੱਧੇ ਪਾਈਪ ਲਗਾ ਕੇ ਗੱਡੀਆਂ ਧੋਣ ਅਤੇ ਫਰਸ਼/ਵਿਹੜਾ ਧੋਣ ਵਾਲਿਆਂ ਵਿਰੁੱਧ ਕਾਰਵਾਈ ਕੀਤੀ ਜਾਵੇ ਉਹਨਾਂ ਦੱਸਿਆ ਕਿ ਪੀਣ ਵਾਲੇ ਪਾਣੀ ਦੀ ਦੁਰਵਰਤੋਂ ਕਰਨ ਵਾਲਿਆਂ ਨੂੰ 5000/- ਰੁਪਏ ਤੱਕ ਜੁਰਮਾਨਾ ਕੀਤਾ ਜਾਵੇਗਾ ਪਹਿਲੀ ਵਾਰ ਪੀਣ ਵਾਲੇ ਪਾਣੀ ਦੀ ਦੁਰਵਰਤੋਂ ਕਰਨ ਵਾਲਿਆਂ ਨੂੰ 1000/- ਰੁਪਏ ਦੂਸਰੀ ਵਾਰ 2000/- ਰੁਪਏ ਅਤੇ ਤੀਸਰੀ ਵਾਰ ਪਾਣੀ ਦਾ ਕਨੈਕਸ਼ਨ ਕੱਟਿਆ ਜਾਵੇਗਾ ਅਤੇ 5000/- ਰੁਪਏ ਦੇਣ ਉਪਰੰਤ ਹੀ ਕਨੈਕਸ਼ਨ ਜ਼ੋੜਿਆ ਜਾਵੇਗਾ। ਉਹਨਾਂ ਕਿਹਾ ਕਿ ਇਸ ਸਬੰਧੀ ਸਾਰੇ ਕੌਂਸਲਰ ਆਪਣੇ ਵਾਰਡਾਂ ਵਿਚ ਲੋਕਾਂ ਨੂੰ ਪਾਣੀ ਦੀ ਦੁਰਵਰਤੋਂ ਰੋਕਣ ਲਈ ਪ੍ਰੇਰਿਤ ਕਰਨ। ਉਹਨਾਂ ਦੱਸਿਆਂ ਕਿ ਪੰਜਾਬ ਸਰਕਾਰ ਵਲੋਂ ਪਾਂਬਦੀ ਸ਼ੁਦਾ ਪਲਾਸਟਿਕ ਲਿਫਾਫਿਆਂ ਦੀ ਵਰਤੋਂ ਨਾ ਕਰਨ ਸਬੰਧੀ ਸਾਰੇ ਸ਼ਹਿਰ ਨਿਵਾਸੀਆਂ ਨੂੰ ਪ੍ਰੇਰਿਤ ਕੀਤਾ ਜਾਵੇ ਤਾਂ ਜ਼ੋ ਸ਼ਹਿਰ ਨੂੰ ਸਾਫ ਸੁਥਰਾ ਬਣਾਇਆ ਜਾ ਸਕੇ। ਉਹਨਾਂ ਹੋਰ ਦੱਸਿਆ ਕਿ ਨਗਰ ਨਿਗਮ ਵਲੋਂ ਗਰਮੀ ਦੇ ਮੌਸਮ ਨੂੰ ਦੇਖਦੇ ਹੋਏ ਮੱਛਰ ਅਤੇ ਮੱਖੀਆਂ ਵਲੋਂ ਫੈਲਾਈਆਂ ਜਾ ਰਹੀਆਂ ਬਿਮਾਰੀਆਂ ਦੀ ਰੋਕਥਾਮ ਲਈ ਸਾਰੇ ਵਾਰਡਾਂ ਵਿਚ ਫੋਗਿੰਗ ਸਪਰੇਅ ਕਰਾਉਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ ਸਾਰੇ ਕੌਂਸਲਰ ਫੋਗਿੰਗ ਸਪਰੇਅ ਕਰਨ ਵਾਲੀ ਟੀਮ ਨਾਲ ਤਾਲਮੇਲ ਕਰਕੇ ਆਪਣੇ -ਆਪਣੇ ਵਾਰਡ ਵਿਚ ਫੋਗਿੰਗ ਸਪਰੇਅ ਕਰਵਾਉਣਾ ਯਕੀਨੀ ਬਣਾਉਣ।